**16ਵੀਂ ਪੰਜਾਬ ਵਿਧਾਨ ਸਭਾ**
**ਨੌਵਾਂ (ਵਿਸ਼ੇਸ਼) ਸਮਾਗਮ, 2025**

**ਪੰਜਾਬ ਵਿਧਾਨ ਸਭਾ**
**ਬੁਲੇਟਿਨ ਨੰ: 01**
**ਸੋਮਵਾਰ 05 ਮਈ, 2025**

(11.00 ਵਜੇ ਪੂਰਵ ਦੁਪਹਿਰ ਤੋਂ 04.49 ਵਜੇ ਸ਼ਾਮ ਤੱਕ)

**1. ਅਕਾਲ ਚਲਾਣਿਆਂ ਦਾ ਵਰਣਨ:-**

1. ਮਾਸਟਰ ਭਗਤ ਰਾਮ, ਸਾਬਕਾ ਸੰਸਦ ਮੈਂਬਰ (ਲੋਕ ਸਭਾ);
2. ਸਰਦਾਰ ਰਣਧੀਰ ਸਿੰਘ ਚੀਮਾ, ਸਾਬਕਾ ਮੰਤਰੀ; ਅਤੇ
3. ਪਹਿਲਗਾਮ ਅੱਤਵਾਦੀ ਹਮਲੇ ਦੌਰਾਨ ਮਾਰੇ ਗਏ ਆਮ ਨਾਗਰਿਕ

ਮਾਣਯੋਗ ਸਪੀਕਰ ਵੱਲੋਂ ਉਪਰੋਕਤ ਲੜੀ ਨੰ. 1 ਅਤੇ ਲੜੀ ਨੰ. 2 ਵਿੱਚ ਵਰਣਿਤ ਸ਼ਖਸੀਅਤਾਂ ਦੇ ਜੀਵਨ ਅਤੇ ਯੋਗਦਾਨ ਬਾਰੇ ਸਦਨ ਵਿੱਚ ਵਰਣਨ ਕੀਤਾ ਗਿਆ ਅਤੇ ਲੜੀ ਨੰ. 3 ਵਿੱਚ ਵਰਣਿਤ ਪਹਿਲਗਾਮ ਅੱਤਵਾਦੀ ਹਮਲੇ ਦੌਰਾਨ ਮਾਰੇ ਗਏ ਆਮ ਨਾਗਰਿਕਾਂ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਸਦਨ ਵੱਲੋਂ ਇਨ੍ਹਾਂ ਸ਼ਖਸੀਅਤਾਂ ਅਤੇ ਨਾਗਰਿਕਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ।

ਮਾਣਯੋਗ ਸਪੀਕਰ ਵੱਲੋਂ ਸਦਨ ਨੂੰ ਸੂਚਿਤ ਕੀਤਾ ਗਿਆ ਕਿ ਵਿਛੜੀਆਂ ਸ਼ਖਸੀਅਤਾਂ ਦੇ ਪਰਿਵਾਰਾਂ ਨੂੰ ਸ਼ੋਕ ਸੁਨੇਹੇ ਭੇਜ ਦਿੱਤੇ ਜਾਣਗੇ।

ਸਦਨ ਨੇ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਸਤਿਕਾਰ ਵਜੋਂ ਦੋ ਮਿੰਟ ਲਈ ਖੜ੍ਹੇ ਹੋ ਕੇ ਮੌਨ ਧਾਰਨ ਕੀਤਾ।

**2. ਮਾਣਯੋਗ ਸਪੀਕਰ ਦੁਆਰਾ ਐਲਾਨ**

**1. ਸਭਾਪਤੀ ਨਾਮਾਂਵਲੀ ਸਬੰਧੀ ਐਲਾਨ**

ਮਾਣਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਂਵਲੀ ਦੇ ਨਿਯਮ 13(1) ਅਧੀਨ ਨਿਮਨਲਿਖਤ ਮਾਣਯੋਗ ਮੈਂਬਰਾਂ ਨੂੰ ਸਭਾਪਤੀ ਨਾਮਾਂਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:-

1. ਸਰਦਾਰ ਮਨਜੀਤ ਸਿੰਘ ਬਿਲਾਸਪੁਰ, ਐਮ.ਐਲ.ਏ;
2. ਰਾਣਾ ਗੁਰਜੀਤ ਸਿੰਘ, ਐਮ.ਐਲ.ਏ;
3. ਸ਼੍ਰੀਮਤੀ ਜੀਵਨ ਜੋਤ ਕੌਰ, ਐਮ.ਐਲ.ਏ;
4. ਸ਼੍ਰੀ ਜੰਗੀ ਲਾਲ ਮਹਾਜਨ, ਐਮ.ਐਲ.ਏ;

**3. ਸਕੱਤਰ ਦੁਆਰਾ ਐਲਾਨ**

ਸਕੱਤਰ ਵੱਲੋਂ 16ਵੀਂ ਪੰਜਾਬ ਵਿਧਾਨ ਸਭਾ ਦੁਆਰਾ ਇਸ ਦੇ ਸੱਤਵੇਂ ਅਤੇ ਅੱਠਵੇਂ (ਬਜਟ) ਸਮਾਗਮ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਮਾਣਯੋਗ ਰਾਸ਼ਟਰਪਤੀ ਜੀ/ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

4. <u>ਨਿਯਮ 16 ਅਧੀਨ ਪ੍ਰਸਤਾਵ</u>

ਸੰਸਦੀ ਮਾਮਲੇ ਮੰਤਰੀ ਦੁਆਰਾ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ-

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।

5. <u>ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ</u>

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: 4 ਅਧੀਨ ਦਰਸਾਏ ਗਏ ਲੜੀ ਨੰ: 1 ਅਤੇ 2 ਤੇ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

6. <u>ਮਾਣਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ</u>

ਮਾਣਯੋਗ ਸਪੀਕਰ ਵੱਲੋਂ ਲੋਕ ਸਭਾ ਦੇ ਮਾਣਯੋਗ ਮੈਂਬਰਾਂ ਸਰਦਾਰ ਮਾਲਵਿੰਦਰ ਸਿੰਘ ਕੰਗ, ਸ੍ਰੀ ਗੁਰਮੀਤ ਸਿੰਘ ਮੀਤ ਹੇਅਰ ਅਤੇ ਸਰਦਾਰ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਆਖਿਆ ਗਿਆ।

7. <u>ਸਰਕਾਰੀ ਮਤਾ</u>

ਸ੍ਰੀ ਬਰਿੰਦਰ ਕੁਮਾਰ ਗੋਇਲ, ਜਲ ਸਰੋਤ ਮੰਤਰੀ ਵਲੋਂ ਹੇਠ ਲਿਖਿਆ ਮਤਾ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਵਸੰਮਤੀ ਨਾਲ ਪ੍ਰਵਾਨ ਹੋਇਆ।

"ਪਿਛਲੇ ਕੁਝ ਦਿਨਾਂ ਤੋਂ ਭਾਰਤੀ ਜਨਤਾ ਪਾਰਟੀ ਕੇਂਦਰ ਸਰਕਾਰ, ਹਰਿਆਣਾ ਸਰਕਾਰ ਅਤੇ ਬੀ.ਬੀ.ਐਮ.ਬੀ. ਦੇ ਜਰੀਏ ਪੰਜਾਬ ਦੇ ਹੱਕਾਂ ਨੂੰ ਖੋਹਣ ਦੀ ਕੋਸ਼ਿਸ਼ ਕਰ ਰਹੀ ਹੈ। ਗੈਰ-ਸੰਵਿਧਾਨਿਕ ਅਤੇ ਗੈਰ-ਕਾਨੂੰਨੀ ਢੰਗਾਂ ਨਾਲ ਮੀਟਿੰਗ ਬੁਲਾ ਕੇ ਪੰਜਾਬ ਦੇ ਹਿੱਸੇ ਦਾ ਪਾਣੀ ਹਰਿਆਣਾ ਨੂੰ ਦੇਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਹਰਿਆਣਾ ਆਪਣੇ ਹਿੱਸੇ ਦਾ ਸਾਰਾ ਪਾਣੀ 31 ਮਾਰਚ ਤੱਕ ਵਰਤ ਚੁੱਕਾ ਹੈ। ਹੁਣ ਬੀ.ਜੇ.ਪੀ ਚਾਹੁੰਦੀ ਹੈ ਕਿ ਪੰਜਾਬ ਦੇ ਹੱਕ ਦਾ ਪਾਣੀ ਹਰਿਆਣਾ ਨੂੰ ਦਿੱਤਾ ਜਾਵੇ।

ਪਿਛਲੇ 3 ਸਾਲ 'ਚ ਭਗਵੰਤ ਮਾਨ ਸਰਕਾਰ ਨੇ ਪੰਜਾਬ ਦੇ ਹਰ ਖ਼ੇਤ 'ਚ ਪਾਣੀ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਹੈ। ਬਹੁਤ ਵੱਡੇ ਪੱਧਰ 'ਤੇ ਨਹਿਰਾਂ ਅਤੇ ਖਾਲਿਆਂ ਦੀ ਉਸਾਰੀ ਕੀਤੀ ਗਈ ਹੈ। ਸਾਲ 2021 ਤੱਕ ਪੰਜਾਬ ਦੇ ਸਿਰਫ 22% ਰਕਬੇ ਨੂੰ ਨਹਿਰੀ ਪਾਣੀ ਰਾਹੀਂ ਸਿੰਜਿਆ ਜਾਂਦਾ ਸੀ, ਪਰ ਅੱਜ ਪੰਜਾਬ ਵਿੱਚ 60% ਰਕਬੇ ਵਿੱਚ ਨਹਿਰੀ ਪਾਣੀ ਪਹੁੰਚ ਰਿਹਾ ਹੈ। ਪੰਜਾਬ ਦੇ ਪਾਣੀ ਦੀ ਇੱਕ-ਇੱਕ ਬੂੰਦ ਪੰਜਾਬ ਲਈ ਕੀਮਤੀ ਹੈ। ਪੰਜਾਬ ਹੁਣ ਕਿਸੇ ਹੋਰ ਰਾਜ ਨੂੰ ਆਪਣੇ ਹਿੱਸੇ ਦਾ ਪਾਣੀ ਨਹੀਂ ਦੇਵੇਗਾ। ਹਰਿਆਣਾ ਰਾਜ ਨੇ 6 ਅਪ੍ਰੈਲ, 2025 ਨੂੰ ਪੰਜਾਬ ਨੂੰ ਬੇਨਤੀ ਕੀਤੀ ਕਿ ਉਨ੍ਹਾਂ ਨੂੰ ਪੀਣ ਲਈ ਪਾਣੀ ਦੀ ਲੋੜ ਹੈ। ਪੰਜਾਬ ਨੇ ਵੱਡਾ ਦਿਲ ਦਿਖਾਉਂਦੇ ਹੋਏ ਹਰਿਆਣਾ ਰਾਜ ਨੂੰ ਆਪਣੇ ਹਿੱਸੇ ਵਿੱਚੋਂ 4000 ਕਿਊਸਿਕ ਪਾਣੀ ਦੇ ਦਿੱਤਾ ਕਿਉਂਕਿ ਸਾਡੇ ਗੁਰੂਆਂ ਨੇ ਸਾਨੂੰ ਸਿੱਖਿਆ ਦਿੱਤੀ ਹੈ ਕਿ ਕਿਸੇ ਵੀ ਪਿਆਸੇ ਨੂੰ ਪਾਣੀ ਦੇਣਾ ਇੱਕ ਬਹੁਤ ਵੱਡਾ ਪੁੰਨ ਦਾ ਕੰਮ ਹੈ। ਹਰਿਆਣਾ ਦੀ ਆਬਾਦੀ 3 ਕਰੋੜ ਹੈ ਅਤੇ 3 ਕਰੋੜ ਲੋਕਾਂ ਨੂੰ ਪੀਣ ਅਤੇ ਹੋਰ ਵਿਅਕਤੀਗਤ ਲੋੜਾਂ ਨੂੰ ਪੂਰਾ ਕਰਨ ਦੇ ਮੰਤਵ ਲਈ 1700 ਕਿਊਸਿਕ ਪਾਣੀ ਦੀ ਲੋੜ ਹੈ; ਪਰ ਹਰਿਆਣਾ ਨੇ ਪੰਜਾਬ ਰਾਜ ਤੋਂ 4000 ਕਿਊਸਿਕ ਪਾਣੀ ਮੰਗਿਆ ਅਤੇ ਅਸੀਂ ਇਨਸਾਨੀਅਤ ਦੇ ਨਾਤੇ ਉਨ੍ਹਾਂ ਨੂੰ 4000 ਕਿਊਸਿਕ ਪਾਣੀ ਦੇ ਦਿੱਤਾ। ਹੁਣ ਹਰਿਆਣਾ ਰਾਜ ਕਹਿ ਰਿਹਾ ਹੈ ਕਿ ਉਨ੍ਹਾਂ ਨੂੰ 8500 ਕਿਊਸਿਕ ਪਾਣੀ ਚਾਹੀਦਾ

ਹੈ। ਉਨ੍ਹਾਂ ਦੀ ਇਹ ਮੰਗ ਪੂਰੀ ਕਰਨ ਲਈ ਪੰਜਾਬ ਕੋਲ ਫਾਲਤੂ ਪਾਣੀ ਨਹੀਂ ਹੈ। ਪ੍ਰੰਤੂ ਬੀਜੇਪੀ ਨੇ ਜਬਰਦਸਤੀ ਕਰਕੇ ਗੈਰ-ਸੰਵਿਧਾਨਕ ਅਤੇ ਗੈਰ-ਕਾਨੂੰਨੀ ਤਰੀਕੇ ਨਾਲ ਬੀ.ਬੀ.ਐਮ.ਬੀ. ਦੀ ਮੀਟਿੰਗ ਬੁਲਾਈ ਅਤੇ ਮਤਾ ਪਾਸ ਕਰ ਦਿੱਤਾ ਕਿ ਪੰਜਾਬ ਆਪਣੇ ਹਿੱਸੇ ਦੇ ਪਾਣੀ ਵਿੱਚੋਂ ਹਰਿਆਣਾ ਰਾਜ ਨੂੰ ਪਾਣੀ ਦੇਵੇਗਾ।

ਇਹ ਸਾਨੂੰ ਮੰਨਜ਼ੂਰ ਨਹੀਂ ਹੈ।

ਇਸ ਲਈ ਇਹ ਸਦਨ ਅੱਜ ਸਰਬਸੰਮਤੀ ਨਾਲ ਇਹ ਫੈਸਲਾ ਲੈਂਦੇ ਅਤੇ ਮਤਾ ਪਕਾਉਂਦੇ ਹੋਏ ਸਿਫਾਰਸ਼ ਕਰਦਾ ਹੈ ਕਿ-

1. ਪੰਜਾਬ ਸਰਕਾਰ ਆਪਣੇ ਹਿੱਸੇ ਦੇ ਪਾਣੀ ਵਿੱਚੋਂ ਇੱਕ ਵੀ ਬੂੰਦ ਹਰਿਆਣਾ ਨੂੰ ਨਹੀਂ ਦੇ ਸਕਦੀ। ਇਨਸਾਨੀਅਤ ਦੇ ਨਾਤੇ ਪੀਣ ਲਈ ਜੋ 4000 ਕਿਊਸਿਕ ਪਾਣੀ ਹਰਿਆਣਾ ਰਾਜ ਨੂੰ ਦਿੱਤਾ ਜਾ ਰਿਹਾ ਹੈ, ਉਹ ਜਾਰੀ ਰਹੇਗਾ। ਇਸ ਤੋਂ ਇਲਾਵਾ ਇਕ ਵੀ ਪਾਣੀ ਦੀ ਬੂੰਦ ਨਹੀਂ ਦਿੱਤੀ ਜਾਵੇਗੀ।

2. ਇਹ ਸਦਨ ਭਾਰਤੀ ਜਨਤਾ ਪਾਰਟੀ ਵੱਲੋਂ ਗੈਰ-ਕਾਨੂੰਨੀ ਅਤੇ ਗੈਰ-ਸੰਵਿਧਾਨਕ ਤਰੀਕੇ ਨਾਲ ਬੀ.ਬੀ.ਐਮ.ਬੀ. ਦੀ ਬੁਲਾਈ ਗਈ ਮੀਟਿੰਗ ਦੀ ਘੋਰ ਨਿੰਦਾ ਕਰਦਾ ਹੈ।

3. ਮੌਜੂਦਾ ਬੀ.ਬੀ.ਐਮ.ਬੀ. ਕੇਵਲ ਕੇਂਦਰ ਸਰਕਾਰ ਦੀ ਕਠਪੁੱਤਲੀ ਬਣ ਕੇ ਰਹਿ ਗਿਆ ਹੈ। ਮੀਟਿੰਗ ਵਿੱਚ ਨਾ ਪੰਜਾਬ ਦੀ ਗੱਲ ਸੁਣੀ ਜਾ ਰਹੀ ਹੈ ਤੇ ਨਾ ਪੰਜਾਬ ਦੇ ਹੱਕਾਂ ਦਾ ਧਿਆਨ ਰੱਖਿਆ ਜਾ ਰਿਹਾ ਹੈ। ਇਸ ਲਈ ਬੀ.ਬੀ.ਐਮ.ਬੀ ਦਾ ਪੁਨਰਗਠਨ ਕੀਤਾ ਜਾਵੇ ਤਾਂ ਕਿ ਪੰਜਾਬ ਦੇ ਹੱਕਾਂ ਨੂੰ ਸੁਰੱਖਿਅਤ ਰੱਖਿਆ ਜਾ ਸਕੇ।

4. ਸਤਲੁਜ, ਰਾਵੀ ਅਤੇ ਬਿਆਸ ਨਦੀਆਂ ਕੇਵਲ ਪੰਜਾਬ ਵਿੱਚੋਂ ਗੁਜਰਦੀਆਂ ਹਨ। ਫਿਰ ਇਨ੍ਹਾਂ ਨਦੀਆਂ ਦਾ ਪਾਣੀ ਦੂਜੇ ਰਾਜਾਂ ਨੂੰ ਕਿਸ ਆਧਾਰ ਤੇ ਦਿੱਤਾ ਜਾਂਦਾ ਹੈ? ਸਾਲ 1981 ਵਿੱਚ ਜਦੋਂ ਇਨ੍ਹਾਂ ਨਦੀਆਂ ਦੇ ਪਾਣੀ ਨੂੰ ਰਾਜਾਂ ਦੇ ਵਿਚਕਾਰ ਵੰਡਣ ਦੀ ਸੰਧੀ ਤੇ ਹਸਤਾਖਰ ਕੀਤੇ ਗਏ ਸਨ, ਉਸ ਸਮੇਂ ਨਦੀਆਂ ਵਿੱਚ ਜਿੰਨਾ ਪਾਣੀ ਲਿਖਿਆ ਗਿਆ ਸੀ ਅਤੇ ਜਿੰਨੇ ਪਾਣੀ ਦਾ ਬਟਵਾਰਾ ਕੀਤਾ ਗਿਆ ਸੀ, ਅੱਜ ਉਸ ਸਮੇਂ ਨਾਲੋਂ ਇਨ੍ਹਾਂ ਨਦੀਆਂ ਵਿੱਚ ਪਾਣੀ ਦੀ ਮਾਤਰਾ ਬਹੁਤ ਘੱਟ ਗਈ ਹੈ। ਇਸ ਲਈ ਇਨ੍ਹਾਂ ਨਦੀਆਂ ਦੇ ਪਾਣੀ ਦੇ ਬਟਵਾਰੇ ਲਈ ਨਵੀਂ ਸੰਧੀ ਬਣਾਏ ਜਾਵੇ।

5. ਬੀ.ਬੀ.ਐਮ.ਬੀ. ਦੀ ਕੋਈ ਵੀ ਮੀਟਿੰਗ ਬੁਲਾਉਣ ਲਈ ਕਨੂੰਨ ਵਿੱਚ ਇਹ ਲਿਖਿਆ ਹੈ ਕਿ ਕਿਸ ਤਰ੍ਹਾਂ ਦੀ ਮੀਟਿੰਗ ਲਈ ਕਿੰਨੇ ਦਿਨ ਦਾ ਨੋਟਿਸ ਦੇਣਾ ਹੈ, ਪਰ ਬੀ.ਬੀ.ਐਮ.ਬੀ ਵੱਲੋਂ ਕਾਨੂੰਨ ਦੀ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਰਾਤ ਨੂੰ ਗੈਰ-ਕਾਨੂੰਨੀ ਢੰਗ ਨਾਲ ਮੀਟਿੰਗ ਬੁਲਾਈ ਜਾਂਦੀ ਹੈ। ਇਹ ਸਦਨ ਬੀ.ਬੀ.ਐਮ.ਬੀ ਨੂੰ ਨਿਰਦੇਸ਼ ਦਿੰਦਾ ਹੈ ਕਿ ਇਸ ਸੰਦਰਭ ਵਿੱਚ ਕਾਨੂੰਨ ਦੀ ਪਾਲਣਾ ਕਰੇ।

6. ਕਿਸ ਰਾਜ ਨੂੰ ਕਿੰਨਾ ਪਾਣੀ ਦਿੱਤਾ ਜਾਵੇਗਾ, ਇਹ 1981 ਦੀ ਸੰਧੀ ਵਿੱਚ ਲਿਖਿਆ ਗਿਆ ਹੈ। ਬੀ.ਬੀ.ਐਮ.ਬੀ ਕੋਲ ਇਸ ਨੂੰ ਬਦਲਣ ਦਾ ਕੋਈ ਹੱਕ ਨਹੀਂ ਹੈ। ਜੇਕਰ ਬੀ.ਬੀ.ਐਮ.ਬੀ ਮੀਟਿੰਗ ਕਰਕੇ ਕਿਸੇ ਵੀ ਰਾਜ ਦੇ ਹੱਕ ਦਾ ਪਾਣੀ ਦੂਜੇ ਰਾਜ ਨੂੰ ਦੇਣ ਦਾ ਫੈਸਲਾ ਕਰਦਾ ਹੈ

ਤਾਂ ਬੀ.ਬੀ.ਐਮ.ਬੀ. ਦਾ ਇਹ ਫੈਸਲਾ ਗੈਰ-ਕਾਨੂੰਨੀ ਅਤੇ ਗੈਰ-ਸੰਵਿਧਾਨਕ ਹੋਵੇਗਾ। ਬੀ.ਬੀ.ਐਮ.ਬੀ ਇਸ ਤਰ੍ਹਾਂ ਦੇ ਗੈਰ-ਕਾਨੂੰਨੀ ਫੈਸਲੇ ਲੈਣ ਤੋਂ ਗੁਰੇਜ਼ ਕਰੇ।

7. ਇਹ ਸਦਨ ਡੈਮ ਸੇਫਟੀ ਐਕਟ 2021 ਨੂੰ ਪੰਜਾਬ ਦੇ ਅਧਿਕਾਰਾਂ ਉੱਪਰ ਹਮਲਾ ਸਮਝਦਾ ਹੈ। ਇਹ ਕਾਨੂੰਨ ਪੂਰੀ ਤਰ੍ਹਾਂ ਕੇਂਦਰ ਸਰਕਾਰ ਨੂੰ ਤਾਕਤ ਦਿੰਦਾ ਹੈ ਕਿ ਉਹ ਰਾਜਾਂ ਦੀਆਂ ਨਦੀਆਂ ਅਤੇ ਬੰਨ੍ਹਾਂ ਉੱਪਰ ਸਿੱਧਾ ਕੰਟਰੋਲ ਕਰ ਸਕੇ ਭਾਵੇਂ ਕਿ ਇਹ ਬੰਨ੍ਹ ਪੂਰੀ ਤਰ੍ਹਾਂ ਰਾਜ ਦੀ ਸੀਮਾ ਦੇ ਅੰਦਰ ਹਨ। ਇਹ ਭਾਰਤ ਦੇ ਸੰਵਿਧਾਨਿਕ ਢਾਂਚੇ ਦੇ ਬਿਲਕੁਲ ਖਿਲਾਫ ਹੈ ਅਤੇ ਪੰਜਾਬ ਰਾਜ ਨੂੰ ਪਾਣੀ ਉਪਰ ਮਿਲੇ ਸੰਵਿਧਾਨਿਕ ਅਧਿਕਾਰਾਂ ਉੱਪਰ ਸਿੱਧਾ ਹਮਲਾ ਹੈ। ਇਸ ਲਈ ਇਹ ਸਦਨ ਕੇਂਦਰ ਸਰਕਾਰ ਨੂੰ ਮੰਗ ਕਰਦਾ ਹੈ ਕਿ ਡੈਮ ਸੇਫਟੀ ਐਕਟ 2021 ਨੂੰ ਤੁਰੰਤ ਰੱਦ ਕਰੇ ਅਤੇ ਪੰਜਾਬ ਸਰਕਾਰ ਇਸ ਕਾਨੂੰਨ ਨੂੰ ਪੂਰੀ ਤਰ੍ਹਾਂ ਅਸਵੀਕਾਰ ਕਰਦੀ ਹੈ।"

ਨਿਮਨਲਿਖਤ ਮੈਂਬਰਾਂ ਨੇ ਮਤੇ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀ ਬਰਿੰਦਰ ਕੁਮਾਰ ਗੋਇਲ, ਜਲ ਸਰੋਤ ਮੰਤਰੀ | 20 ਮਿੰਟ |
| 2. | ਸਰਦਾਰ ਪ੍ਰਤਾਪ ਸਿੰਘ ਬਾਜਵਾ, ਇੰਡੀਅਨ ਨੈਸ਼ਨਲ ਕਾਂਗਰਸ | 10 ਮਿੰਟ |
| 3. | ਸਰਦਾਰ ਤਰੁਨਪ੍ਰੀਤ ਸਿੰਘ ਸੌਂਦ, ਪੇਂਡੂ ਵਿਕਾਸ ਤੇ ਪੰਚਾਇਤਾਂ ਮੰਤਰੀ | 30 ਮਿੰਟ |
| 4. | ਸ਼੍ਰੀ ਅਮਨ ਅਰੋੜਾ, ਨਵ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ | 20 ਮਿੰਟ |
| 5. | ਡਾਕਟਰ ਨਛੱਤਰ ਪਾਲ, ਬਹੁਜਨ ਸਮਾਜ ਪਾਰਟੀ | 06 ਮਿੰਟ |
| 6. | ਸਰਦਾਰ ਗੁਰਪ੍ਰੀਤ ਸਿੰਘ ਬਨਾਂਵਾਲੀ, ਆਮ ਆਦਮੀ ਪਾਰਟੀ | 15 ਮਿੰਟ |
| 7. | ਸਰਦਾਰ ਅਮ੍ਰਿਤਪਾਲ ਸਿੰਘ ਸੁਖਾਨੰਦ, ਆਮ ਆਦਮੀ ਪਾਰਟੀ | 08 ਮਿੰਟ |
| 8. | ਸਰਦਾਰ ਜਸਵੰਤ ਸਿੰਘ ਗੱਜਣਮਾਜਰਾ, ਆਮ ਆਦਮੀ ਪਾਰਟੀ | 06 ਮਿੰਟ |
| 9. | ਸਰਦਾਰ ਸੁਖਪਾਲ ਸਿੰਘ ਖਹਿਰਾ, ਇੰਡੀਅਨ ਨੈਸ਼ਨਲ ਕਾਂਗਰਸ | 06 ਮਿੰਟ |
| 10. | ਰਾਣਾ ਗੁਰਜੀਤ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ | 03 ਮਿੰਟ |
| 11. | ਸ਼੍ਰੀ ਨਰਿੰਦਰਪਾਲ ਸਿੰਘ ਸਵਨਾ, ਆਮ ਆਦਮੀ ਪਾਰਟੀ | 03 ਮਿੰਟ |
| 12. | ਸਰਦਾਰ ਗੁਰਦਿੱਤ ਸਿੰਘ ਸੇਖੋਂ, ਆਮ ਆਦਮੀ ਪਾਰਟੀ | 04 ਮਿੰਟ |
| 13. | ਪ੍ਰਿੰਸੀਪਲ ਬੁੱਧ ਰਾਮ, ਆਮ ਆਦਮੀ ਪਾਰਟੀ | 11 ਮਿੰਟ |
| 14. | ਸਰਦਾਰ ਪਰਗਟ ਸਿੰਘ ਪੋਆਰ, ਇੰਡੀਅਨ ਨੈਸ਼ਨਲ ਕਾਂਗਰਸ | 06 ਮਿੰਟ |
| 15. | ਸਰਦਾਰ ਹਰਜੋਤ ਸਿੰਘ ਬੈਂਸ, ਸਿੱਖਿਆ ਮੰਤਰੀ | 06 ਮਿੰਟ |
| 16. | ਸਰਦਾਰ ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ | 08 ਮਿੰਟ |
| 17. | ਸ਼੍ਰੀ ਅਸ਼ਵਨੀ ਕੁਮਾਰ ਸ਼ਰਮਾ, ਭਾਰਤੀ ਜਨਤਾ ਪਾਰਟੀ | 06 ਮਿੰਟ |
| 18. | ਰਾਣਾ ਇੰਦਰ ਪ੍ਰਤਾਪ ਸਿੰਘ, ਅਜ਼ਾਦ | 06 ਮਿੰਟ |
| 19. | ਸਰਦਾਰ ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ | 09 ਮਿੰਟ |
| 20. | ਡਾ. ਬਲਜੀਤ ਕੌਰ, ਮਹਿਲਾ ਤੇ ਬਾਲ ਵਿਕਾਸ ਮੰਤਰੀ | 08 ਮਿੰਟ |
| 21. | ਸਰਦਾਰ ਹਰਦੀਪ ਸਿੰਘ ਡਿੰਪੀ ਢਿੱਲੋਂ, ਆਮ ਆਦਮੀ ਪਾਰਟੀ | 06 ਮਿੰਟ |

ਸ਼੍ਰੀ ਭਗਵੰਤ ਮਾਨ, ਮੁੱਖ ਮੰਤਰੀ ਬਹਿਸ ਦਾ ਜਵਾਬ ਦਿੰਦੇ ਹੋਏ 33 ਮਿੰਟ ਲਈ ਬੋਲੇ।

**8. <u>ਮਾਣਯੋਗ ਸਪੀਕਰ ਵੱਲੋਂ ਪ੍ਰੇਖਣ</u>**

ਮਾਣਯੋਗ ਸਪੀਕਰ ਵੱਲੋਂ ਨਿਮਨ ਅਨੁਸਾਰ ਪ੍ਰੇਖਣ ਕੀਤੇ ਗਏ:

1. "ਸਾਡਾ ਤਾਂ ਇਤਿਹਾਸ ਵੀ ਗਵਾਹ ਹੈ ਕਿ ਭਾਵੇਂ ਮਿਸਲਾਂ ਆਪਸ ਵਿੱਚ ਲੜਦੀਆਂ ਰਹਿੰਦੀਆਂ ਸਨ ਲੇਕਿਨ ਜਦੋਂ ਕੋਈ ਬਾਹਰੀ ਧਾੜਵੀ ਆਉਂਦਾ ਸੀ ਤਾਂ ਆਪਾਂ ਇਕੱਠੇ ਹੋ ਕੇ ਉਨ੍ਹਾਂ ਦਾ ਮੁਕਾਬਲਾ ਕਰਦੇ ਸੀ। ਅੱਜ ਵੀ ਮੈਨੂੰ ਸਦਨ ਤੋਂ ਇਹ ਹੀ ਆਸ ਹੈ ਕਿ ਇਹ ਗੱਲ ਸਹੇ ਦੀ ਨਹੀਂ, ਇਹ ਗੱਲ ਪਹੇ ਦੀ ਹੈ। ਇਹ ਇਕ ਤਰ੍ਹਾਂ ਨਾਲ ਸਾਡੇ ਸੰਘੀ ਢਾਂਚੇ ਤੇ ਵੀ ਵਾਰ ਹੈ। ਸੋ, ਆਪਾਂ ਨੂੰ ਇਕੱਠੇ ਹੋ ਕੇ ਇਹ ਲੜਾਈ ਲੜਨੀ ਚਾਹੀਦੀ ਹੈ।"

2. "ਮੈਂ ਇੱਕ ਗੱਲ ਆਨ ਰਿਕਾਰਡ ਲਿਆਉਣੀ ਚਾਹੁੰਦਾ ਹਾਂ ਕਿ ਇੱਕ ਸੈਕਸ਼ਨ ਆਫ ਮੀਡੀਆ ਪੰਜਾਬ ਨੂੰ Demonize ਕਰ ਰਿਹਾ ਹੈ, ਜੋ ਕਿ ਨਹੀਂ ਹੋਣਾ ਚਾਹੀਦਾ। ਮੈਨੂੰ ਲੱਗਦਾ ਹੈ ਕਿ ਅੱਜ ਆਪਾਂ ਪੰਜਾਬ ਦੇ ਸਾਰੇ ਫੈਕਟਸ ਇਸ ਮੁੱਕਦਸ ਹਾਊਸ ਦੇ ਸਾਹਮਣੇ ਲਿਆਉਣ ਵਿੱਚ ਕਾਮਯਾਬ ਹੋਵਾਂਗੇ। ਮੈਂ ਆਪਣੇ ਵੱਲੋਂ ਇੱਕ ਬੇਨਤੀ ਕਰਨੀ ਚਾਹੁੰਦਾ ਹਾਂ ਕਿ ਪੰਜਾਬ ਤੋਂ 36% ਚੌਲ ਸਾਡੇ ਦੇਸ਼ ਦੇ ਨੈਸ਼ਨਲ ਪੂਲ ਵਿੱਚ ਜਾਂਦਾ ਹੈ ਅਤੇ 47 % ਕਣਕ ਸਾਡੇ ਦੇਸ਼ ਦੇ ਨੈਸ਼ਨਲ ਪੂਲ ਵਿੱਚ ਜਾਂਦੀ ਹੈ। ਸੋ, ਅਸੀਂ ਜਿਹੜਾ ਪਾਣੀ ਇੱਥੇ ਵਰਤਦੇ ਹਾਂ, ਉਹ ਦੇਸ਼ ਦੇ ਲੋਕਾਂ ਦਾ ਢਿੱਡ ਭਰਨ ਲਈ ਵਰਤਦੇ ਹਾਂ। ਅਸੀਂ ਕਿਸੇ ਹੋਰ ਕੰਮ ਲਈ ਨਹੀਂ ਵਰਤਦੇ□ ਇਹ ਉਹ ਪੰਜਾਬੀ ਹਨ, ਜਿਨ੍ਹਾਂ ਨੇ 10 ਲੱਖ ਕੁਰਬਾਨੀਆਂ ਦਿੱਤੀਆਂ, ਜਦੋਂ ਸਾਡੇ ਦੇਸ਼ ਨੂੰ ਆਜ਼ਾਦੀ ਮਿਲੀ ਸੀ। ਸੋ, ਮੀਡੀਆ ਵਿੱਚ ਪੰਜਾਬੀਆਂ ਦਾ ਪੱਖ ਵੀ ਬਰਾਬਰ ਜਾਣਾ ਚਾਹੀਦਾ ਹੈ।"

**9. <u>ਵਿਧਾਨਕ ਕੰਮ-ਕਾਰ</u>**

1) **<u>ਪੰਜਾਬ ਲਾਅ ਆਫੀਸਰਜ਼ (ਇਨਗੇਜਮੈਂਟ) ਸੋਧ ਬਿਲ, 2025</u>**

ਵਿੱਤ ਮੰਤਰੀ ਨੇ ਪੰਜਾਬ ਲਾਅ ਆਫੀਸਰਜ਼ (ਇਨਗੇਜਮੈਂਟ) ਸੋਧ ਬਿਲ, 2025 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਵਸੰਮਤੀ ਨਾਲ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਹੋਈ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | |
|---|---|
| 1. ਡਾ. ਸੁਖਵਿੰਦਰ ਕੁਮਾਰ ਸੁੱਖੀ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 2. ਪ੍ਰਿੰਸੀਪਲ ਬੁੱਧ ਰਾਮ, ਆਮ ਆਦਮੀ ਪਾਰਟੀ | 02 ਮਿੰਟ |
| 3. ਡਾ. ਨਛੱਤਰ ਪਾਲ, ਬਹੁਜਨ ਸਮਾਜ ਪਾਰਟੀ | 02 ਮਿੰਟ |
| 4. ਸ਼੍ਰੀ ਰਜਨੀਸ਼ ਕੁਮਾਰ ਦਹੀਯਾ, ਆਮ ਆਦਮੀ ਪਾਰਟੀ | 04 ਮਿੰਟ |
| 5. ਸ਼੍ਰੀ ਮੋਹਿੰਦਰ ਭਗਤ, ਸੁਤੰਤਰਤਾ ਸੈਨਾਨੀ ਮੰਤਰੀ | 01 ਮਿੰਟ |
| 6. ਸ਼੍ਰੀ ਵਿਕਰਮਜੀਤ ਸਿੰਘ ਚੌਧਰੀ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |
| 7. ਸਰਦਾਰ ਮਨਵਿੰਦਰ ਸਿੰਘ ਗਿਆਸਪੁਰਾ, ਆਮ ਆਦਮੀ ਪਾਰਟੀ | 03 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਅਤੇ 3, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਵਸੰਮਤੀ ਨਾਲ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਲਾਅ ਆਫੀਸਰਜ਼ (ਇਨਗੇਜਮੈਂਟ) ਸੋਧ ਬਿਲ, 2025 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਵਸੰਮਤੀ ਨਾਲ ਪ੍ਰਵਾਨ ਹੋਇਆ।

**10. <u>ਸਦਨ ਦਾ ਸਮਾਂ ਵਧਾਉਣ ਸਬੰਧੀ</u>**

ਮਾਣਯੋਗ ਸਪੀਕਰ ਵੱਲੋਂ ਅੱਜ ਦੀ ਬੈਠਕ ਦਾ ਸਮਾਂ ਅੱਜ ਦੇ ਕੰਮ-ਕਾਰ ਖਤਮ ਹੋਣ ਤੱਕ ਵਧਾਇਆ ਗਿਆ।

**11. <u>ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ</u>**

ਮਾਣਯੋਗ ਸਪੀਕਰ ਵੱਲੋਂ ਸਦਨ ਦੀ ਬੈਠਕ 11.07 ਵਜੇ ਸਵੇਰ ਤੋਂ 12.00 ਵਜੇ ਬਾਅਦ ਦੁਪਹਿਰ ਤੱਕ ਤੱਕ ਸਥੱਗਿਤ ਕੀਤੀ ਗਈ।

ਮਾਣਯੋਗ ਡਿਪਟੀ ਸਪੀਕਰ ਨੇ 01.24 ਵਜੇ ਬਾਅਦ ਦੁਪਹਿਰ ਤੋਂ 02.20 ਵਜੇ ਬਾਅਦ ਦੁਪਹਿਰ ਤੱਕ ਚੇਅਰ ਤੇ ਬਿਰਾਜਮਾਨ ਰਹਿੰਦੇ ਹੋਏ ਸਦਨ ਦੀ ਬੈਠਕ ਦੀ ਪ੍ਰਧਾਨਗੀ ਕੀਤੀ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਗਿਆ।

ਚੰਡੀਗੜ੍ਹ
05 ਮਈ, 2025

ਰਾਮ ਲੋਕ ਖਟਾਣਾ,
ਸਕੱਤਰ